ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਅੰਮ੍ਰਿਤਸਰ ਤੋਂ ਅੱਠਵੀਂ ਰੇਲ ਗੱਡੀ ਗੋਰਖਪੁਰ ਲਈ 1200 ਯਾਤਰੀ ਲੈ ਕੇ ਰਵਾਨਾ

ਅੰਮ੍ਰਿਤਸਰ, 14 ਮਈ ( )-ਕੈਪਟਨ ਅਮਰਿੰਦਰ ਸਿੰਘ ਵੱਲੋਂ ਕੋਵਿਡ ਸੰਕਟ ਦੇ ਚੱਲਦੇ ਪੰਜਾਬ ਵਿਚ ਫਸੇ ਪ੍ਰਵਾਸੀਆਂ ਨੂੰ ਉਨਾਂ ਦੇ ਘਰ ਭੇਜਣ ਲਈ ਚੁੱਕੇ ਗਏ ਵਿਸ਼ੇਸ਼ ਕਦਮਾਂ ਤਹਿਤ ਅੱਜ ਅੰਮ੍ਰਿਤਸਰ ਤੋਂ ਅੱਠਵੀਂ ਵਿਸ਼ੇਸ਼ ਰੇਲ ਗੱਡੀ ਗੋਰਖਪੁਰ ਲਈ ਰਾਵਾਨਾ ਹੋਈ, ਇਸ ਰੇਲ ਗੱਡੀ ਵਿਚ ਗਏ 1200 ਮੁਸਾਫਿਰਾਂ ਨੂੰ ਜਿਲਾ ਪ੍ਰਸ਼ਾਸ਼ਨ ਵੱਲੋਂ ਬੱਸਾਂ ਉਤੇ ਰੇਲਵੇ ਸਟੇਸ਼ਨ ਲਿਆਂਦਾ ਗਿਆ, ਜਿੱਥੇ ਖਾਣ-ਪੀਣ ਦਾ ਸਮਾਨ ਦੇ ਕੇ ਉਨਾਂ ਨੂੰ ਆਪਣੇ ਘਰਾਂ ਲਈ ਰੇਲ ਗੱਡੀ ਰਸਤੇ ਰਵਾਨਾ ਕੀਤਾ ਗਿਆ।

ਇਸ ਮੌਕੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ, ਤਹਿਸੀਲਦਾਰ ਜੇ ਪੀ ਸਲਵਾਨ ਤੇ ਤਹਿਸੀਲਦਾਰ ਰਵੀ ਕਿਰਨ ਸਿੰਘ, ਨਾਇਬ ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਅਤੇ ਹੋਰ ਅਧਿਕਾਰੀ ਵੀ ਮੁਸਾਫਿਰਾਂ ਨੂੰ ਤੋਰਨ ਲਈ ਸਟੇਸ਼ਨ ਉਤੇ ਪਹੁੰਚੇ। ਸ੍ਰੀ ਹੀਰਾ ਨੇ ਦੱਸਿਆ ਕਿ ਇਸ ਮੌਕੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਸਾਰੀਆਂ ਹਦਾਇਤਾਂ ਦਾ ਧਿਆਨ ਰੱਖਿਆ ਗਿਆ, ਤਾਂ ਜੋ ਵਾਇਰਸ ਨਾ ਫੈਲੇ। ਉਨਾਂ ਕਿਹਾ ਕਿ ਅੱਗੇ ਤੋਂ ਵੀ ਇਹ ਗੱਡੀਆਂ ਇਸੇ ਤਰਾਂ ਜਾਰੀ ਰਹਿਣਗੀਆਂ ਅਤੇ ਜਿੰਨਾ ਲੋਕਾਂ ਨੂੰ ਮੋਬਾਈਲ ਉਤੇ ਸੰਦੇਸ਼ ਪਹੁੰਚਦਾ ਹੈ ਉਹ ਉਸਦੀ ਪਾਲਣਾ ਕਰਦੇ ਹੋਏ ਮੈਡੀਕਲ ਕਰਵਾਉਣ ਲਈ ਪੁੱਜਣ, ਜਿਥੋਂ ਉਨਾਂ ਨੂੰ ਰੇਲਵੇ ਸਟੇਸ਼ਨ ਬੱਸਾਂ ਰਾਹੀਂ ਭੇਜਿਆ ਜਾਂਦਾ ਹੈ।

ਕੈਪਸ਼ਨ

-ਰੇਲਵੇ ਸਟੇਸ਼ਨ ਉਤੇ ਪ੍ਰਵਾਸੀਆਂ ਨੂੰ ਤੋਰਨ ਲਈ ਪੁੱਜੇ ਐਸ ਡੀ ਐਮ ਸ੍ਰੀ ਵਿਕਾਸ ਹੀਰਾ ਤੇ ਹੋਰ।

=========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਛੱਪੜਾਂ ਦੀ ਸਫ਼ਾਈ ਦਾ ਕੰਮ 10 ਜੂਨ ਤੱਕ ਮੁਕੰਮਲ ਕੀਤਾ ਜਾਵੇ-ਡਿਪਟੀ ਕਮਿਸ਼ਨਰ

ਵੱਧ ਤੋਂ ਵੱਧ ਕੰਮ ਮਗਨਰੇਗਾ ਵਰਕਰਾਂ ਨੂੰ ਦੇਣ ਦੀ ਕੀਤੀ ਹਦਾਇਤ

ਅੰਮ੍ਰਿਤਸਰ, 14 ਮਈ ( )- ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਅਤੇ ਪੰਚਾਇਤਾਂ ਨੂੰ ਛੱਪੜਾਂ ਦੀ ਸਫ਼ਾਈ ਦਾ ਕਾਰਜ 10 ਜੂਨ ਤੱਕ ਮੁਕੰਮਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਛੱਪੜਾਂ ਦੀ ਸਫ਼ਾਈ ਦਾ ਪਿੰਡਾਂ ਦੀ ਸਫ਼ਾਈ ਅਤੇ ਲੋਕਾਂ ਦੀ ਸਿਹਤ ਨਾਲ ਡੂੰਘਾ ਸਬੰਧ ਹੈ, ਇਸ ਲਈ ਇਹ ਕਾਰਜ ਪਹਿਲ ਦੇ ਅਧਾਰ Àੱਤੇ ਸਿਰੇ ਚਾੜਿਆ ਜਾਣਾ ਚਾਹੀਦਾ ਹੈ। ਉਨਾਂ ਅਧਿਕਾਰੀਆਂ ਨੂੰ ਹਿਦਾਇਤ ਦਿੱਤੀ ਕਿ ਇਸ ਕਾਰਜ ਨੂੰ ਪੂਰੀ ਤਨਦੇਹੀ, ਈਮਾਨਦਾਰੀ ਅਤੇ ਸਿਰਦ ਨਾਲ ਸਿਰੇ ਚੜਾਇਆ ਜਾਵੇ, ਤਾਂ ਜੋ ਮਿਸ਼ਨ ਤੰਦਰੁਸਤ ਪੰਜਾਬ ਵਿਚ ਕਾਮਯਾਬੀ ਅਸਾਨੀ ਨਾਲ ਪ੍ਰਾਪਤ ਹੋ ਸਕੇ।

ਉਨਾਂ ਕਿਹਾ ਕਿ ਮਗਨਰੇਗਾ ਕਾਮਿਆਂ ਨੂੰ ਇਸ ਕੰਮ ਰਾਹੀਂ ਵੱਧ ਤੋਂ ਵੱਧ ਰੁਜ਼ਗਾਰ ਦਿੱਤਾ ਜਾਵੇ ਅਤੇ ਮਸ਼ੀਨਰੀ ਦੀ ਘੱਟ ਤੋਂ ਘੱਟ ਵਰਤੋਂ ਕਰਕੇ ਬੇਲੋੜੇ ਖਰਚੇ ਤੋਂ ਵੀ ਬਚਿਆ ਜਾਵੇ। ਉਨਾਂ ਕਿਹਾ ਕਿ ਅੱਜ ਜਿੱਥੇ ਦੇਸ਼ ਭਰ ਵਿਚ ਕੋਰੋਨਾ ਵਾਇਰਸ ਕਾਰਨ ਗਰੀਬ ਲੋਕਾਂ ਕੋਲ ਕੋਈ ਰੁਜ਼ਗਾਰ ਨਹੀਂ ਰਿਹਾ ਅਤੇ ਨਾ ਹੀ ਆਮਦਨੀ ਦਾ ਕੋਈ ਹੋਰ ਸਾਧਨ, ਸੋ ਇਸ ਮੁਹਿੰਮ ਨਾਲ ਗਰੀਬ ਲੋਕਾਂ ਨੂੰ ਮਗਨਰੇਗਾ ਅਧੀਨ ਰੁਜ਼ਗਾਰ ਵੀ ਮਿਲੇਗਾ ਅਤੇ ਉਨਾਂ ਨੂੰ ਪਰਿਵਾਰਾਂ ਦੀਆਂ ਰਾਸ਼ਨ ਪਾਣੀ ਦੀਆਂ ਲੋੜਾਂ ਪੂਰੀਆਂ ਕਰਨ ਲਈ ਮੱਦਦ ਵੀ ਹੋਵੇਗੀ।

ਉਨਾਂ ਨੇ ਕਿਹਾ ਕਿ ਛੱਪੜਾਂ ਦੀ ਸਫਾਈ ਦੇ ਨਾਲ ਨਾਲ ਗਾਰ ਵੀ ਕੱਢੀ ਜਾਵੇ ਅਤੇ ਜਿੱਥੇ ਸੰਭਵ ਹੈ ਉੱਥੇ ਛੱਪੜਾਂ ਦੀ ਸਫਾਈ ਅਤੇ ਨਵੀਨੀਕਰਨ ਥਾਪਰ ਯੂਨੀਵਰਸਿਟੀ ਵੱਲੋਂ ਪ੍ਰਵਾਨਿਤ ਸੀਚੇਵਾਲ ਮਾਡਲ ਅਨੁਸਾਰ ਵੀ ਕੀਤੀ ਜਾ ਸਕਦੀ ਹੈ। ਉਨਾਂ ਕਿਹਾ ਕਿ ਜਿੱਥੇ ਸੂਬੇ ਦੀਆਂ ਪੰਚਾਇਤਾਂ ਨੇ ਪਿੰਡਾਂ ਵਿਚ ਕੋਰੋਨਾ ਵਾਇਰਸ ਤੋਂ ਬਚਾਅ ਲਈ ਆਪਸੀ ਭਾਈਚਾਰੇ ਦੀ ਵੱਡੀ ਮਿਸਾਲ ਪੇਸ਼ ਕੀਤੀ ਹੈ, ਉਸੇ ਤਰਾਂ ਪਿੰਡਾਂ ਨੂੰ ਸਾਫ ਸੁਥਰਾ ਬਣਾਉਣ ਲਈ ਇਸ ਮੁਹਿੰਮ ਵਿਚ ਵਿਚ ਸਾਰੀਆਂ ਧਿਰਾਂ ਇੱਕਜੁਟ ਹੋ ਕੇ ਕੰਮ ਕਰਨ। ਉਨਾਂ ਸਾਰੇ ਅਧਿਕਾਰੀਆਂ ਨੂੰ ਇਸ ਕੰਮ ਨੂੰ ਜਲਦ ਤੋਂ ਜਲਦ ਨੇਪਰੇ ਚਾੜਨ ਲਈ ਕਿਹਾ ਤਾਂ ਜੋ ਹਰ ਹੀਲੇ ਬਰਸਾਤਾਂ ਤੋਂ ਪਹਿਲਾਂ ਇਹ ਮੁਕੰਮਲ ਕਰ ਲਿਆ ਜਾਵੇ ਕਿਉਕਿ ਪਿਛਲੇ ਸਾਲ ਇਹ ਕੰਮ ਲੇਟ ਸ਼ੁਰੂ ਹੋਇਆ ਸੀ ਅਤੇ ਬਰਸਾਤਾਂ ਸ਼ੁਰੂ ਹੋਣ ਕਾਰਨ ਕੁਝ ਛੱਪੜਾਂ ਦੀ ਸਫਾਈ ਰਹਿ ਗਈ ਸੀ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰ ਵੱਲੋਂ ਨੋਜਵਾਨਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਵੱਖ-ਵੱਖ ਸਹੂਲਤਾਂ

ਅੰਮ੍ਰਿਤਸਰ 14 ਮਈ ( )--

ਪੰਜਾਬ ਸਰਕਾਰ ਦੇ ਘਰ-ਘਰ ਰੋਜ਼ਗਾਰ ਮਿਸ਼ਨ ਅਧੀਨ ਸਥਾਪਿਤ ਕੀਤਾ ਗਿਆ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ, ਅੰਮ੍ਰਿਤਸਰ, ਜ਼ਿਲੇ ਦੇ ਨੋਜਵਾਨਾਂ ਲਈ ਕੋਵਿਡ 19 ਦੌਰਾਨ ਲੱਗੇ ਲਾਕਡਾਊਨ ਸਮੇਂ ਵਿੱਚ ਵੀ ਵਰਦਾਨ ਸਿੱਧ ਹੋ ਰਿਹਾ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ਼੍ਰੀ ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਕਿ ਰੋਜ਼ਗਾਰ ਬਿਓਰੋ ਵੱਲੋਂ ਨੋਜਵਾਨਾਂ ਨੂੰ ਕਈ ਤਰਾਂ ਦੀਆਂ ਸਹੂਲਤਾਂ ਘਰ ਬੈਠੇ ਹੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਜਿਨਾ ਵਿੱਚ ਆਨ-ਲਾਇਨ ਕੈਰੀਅਰ ਕਾਊਂਸਲਿੰਗ, ਨੌਕਰੀਆਂ ਦੀ ਤਿਆਰੀ ਲਈ ਆਨ-ਲਾਇਨ ਕੋਚਿੰਗ, ਈ-ਲਾਇਬ੍ਰੇਰੀ ਅਤੇ ਆਨ-ਲਾਇਨ ਰਜਿਸਟਰੇਸ਼ਨ ਮੁੱਖ ਸਹੂਲਤਾਂ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼੍ਰੀਮਤੀ ਪੱਲਵੀ ਚੌਧਰੀ ਨੇ ਦੱਸਿਆ ਕਿ ਬਿਓਰੋ ਵੱਲੋਂ ਸ਼ੁਰੂ ਕੀਤੀ ਗਈ ਈ-ਲਾਇਬ੍ਰੇਰੀ ਦੀ ਸੁਵਿਧਾ ਨਾਲ ਨੋਜਵਾਨ ਘਰ ਬੈਠੇ ਹੀ ਦੁਨੀਆ ਵਿੱਚ ਹੋ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਿਲ ਕਰ ਸਕਦੇ ਹਨ ਅਤੇ ਹੋਰ ਗਿਆਨਵਰਧਕ ਸਮੱਗਰੀ ਡਾਊਨਲੋਡ ਕਰਕੇ ਆਪਣੇ ਗਿਆਨ ਵਿੱਚ ਵਾਧਾ ਕਰ ਸਕਦੇ ਹਨ। ਉਨਾ ਦੱਸਿਆ ਕਿ ਇਸ ਈ-ਲਾਇਬ੍ਰੇਰੀ ਵਿੱਚ ਰੋਜ਼ਾਨਾ ਅਤੇ ਸਪਤਾਹਿਕ ਅਖਬਾਰਾਂ, ਪ੍ਰਤੀਯੋਗਤਾ ਲਈ ਸਹਾਇਕ ਮੈਗਜ਼ੀਨ ਅਤੇ ਪ੍ਰੀਖਿਆ ਦੀ ਤਿਆਰੀ ਸੰਬਧੀ ਹੋਰ ਸਮੱਗਰੀ ਸ਼ਾਮਿਲ ਕੀਤੀ ਗਈ ਹੈ।

ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਡਿਪਟੀ ਡਾਇਰੈਕਟਰ ਸ਼੍ਰੀ ਜਸਵੰਤ ਰਾਏ ਨੇ ਦੱਸਿਆ ਕਿ ਈ-ਲਾਇਬ੍ਰੇਰੀ ਵਿੱਚ ਰੋਜ਼ਾਨਾ ਨਵੀਂ ਜਾਣਕਾਰੀ ਅਪਲੋਡ ਕੀਤੀ ਜਾਂਦੀ ਹੈ ਅਤੇ ਰੋਜ਼ਗਾਰ ਬਿਓਰੋ ਦੇ ਫੇਸਬੁੱਕ ਪੇਜ਼ ਉੱਤੇ ਈ-ਲਾਇਬ੍ਰੇਰੀ ਦਾ ਲਿੰਕ ਅਪਲੋਡ ਕੀਤਾ ਗਿਆ ਹੈ, ਜ਼ਿਲੇ ਦੇ ਨੋਜਵਾਨ ਇਸ ਲਿੰਕ ਤੇ ਜਾ ਕੇ ਈ-ਲਾਇਬ੍ਰੇਰੀ ਦੀ ਸੁਵਿਧਾ ਦਾ ਲਾਭ ਉਠਾ ਸਕਦੇ ਹਨ। ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਓਰੋ ਦੇ ਡਿਪਟੀ ਸੀ.ਈ.ਓ. ਸ਼੍ਰੀ ਸਤਿੰਦਰ ਸਿੰਘ ਨੇ ਦੱਸਿਆ ਕਿ ਈ.ਲਾਇਬ੍ਰੇਰੀ ਦੀ ਸਵਿਧਾ ਤੋਂ ਇਲਾਵਾ ਰੋਜ਼ਗਾਰ ਬਿਓਰੋ ਵੱਲੋਂ ਰੋਜ਼ਾਨਾ ਲਗਭਗ 30 ਨੋਜਵਾਨਾਂ ਦੀ ਆਨ-ਲਾਇਨ ਕੈਰੀਅਰ ਕਾਊਂਸਲਿੰਗ ਕੀਤੀ ਜਾਂਦੀ ਹੈ ਅਤੇ ਉਨਾ ਨੂੰ ਜ਼ਿੰਦਗੀ ਅਤੇ ਕੈਰੀਅਰ ਸੰਬਧੀ ਲੋੜੀਂਦੀ ਜਾਣਕਾਰੀ ਘਰ ਬੈਠੇ ਹੀ ਮੁਹੱਈਆ ਕਰਵਾਈ ਜਾਂਦੀ ਹੈ। ਉਨਾ ਇਹ ਵੀ ਦੱਸਿਆ ਕਿ ਜ਼ਿਲੇ ਦੇ ਨੋਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਲਈ ਤਿਆਰ ਕਰਨ ਲਈ ਆਨ-ਲਾਇਨ ਕੋਚਿੰਗ ਦਿੱਤੀ ਜਾ ਰਹੀ ਹੈ, ਜਿਸ ਅਧੀਨ ਨੋਜਵਾਨਾਂ ਨੂੰ ਸਰਕਾਰੀ ਅਤੇ ਪ੍ਰਾਇਵੇਟ ਨੌਕਰੀਆਂ ਦੀ ਇੰਟਰਵਿਊ ਦੀ ਤਿਆਰੀ, ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਕੋਚਿੰਗ ਦਿੱਤੀ ਜਾ ਰਹੀ ਹੈ। ਉਨਾਂ ਜ਼ਿਲੇ ਦੇ ਨੋਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਰੋਜ਼ਗਾਰ ਬਿਓਰੋ ਦੇ ਪੋਰਟਲ www.pgrkam.com ਤੇ ਜਾ ਕੇ ਆਪਣੀ ਰਜਿਸਟਰੇਸ਼ਨ ਕਰਵਾਉਣ ਅਤੇ ਬਿਓਰੋ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

==========

ਝਗੜਾ ਰਹਿਤ ਇੰਤਕਾਲਾਂ ਦਾ ਕੰਮ ਅੱਜ ਤੋਂ ਸ਼ੁਰੂ

ਅੰਮ੍ਰਿਤਸਰ 14 ਮਈ ( )---

ਡਿਪਟੀ ਕਮਿਸ਼ਨਰ-ਕਮ-ਜ਼ਿਲਾ ਮੈਜਿਸਟਰੇਟ ਅੰਮ੍ਰਿਤਸਰ ਸ: ਸ਼ਿਵਦੁਲਾਰ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਵਿਡ 19 ਦੀ ਮਹਾਂਮਾਰੀ ਕਰਕੇ ਇੰਤਕਾਲਾਂ ਦਾ ਕੰਮ ਮੁਅੱਤਲ ਕਰ ਦਿੱਤਾ ਗਿਆ ਸੀ। ਉਨਾਂ ਕਿਹਾ ਕਿ ਸਬ ਰਜਿਸਟਰਾਰ ਦਫ਼ਤਰ ਵਿਖੇ ਦਸਤਾਵੇਜਾਂ ਦੀ ਰਜਿਸਟਰੇਸ਼ਨ ਦਾ ਕੰਮ ਕੋਵਿਡ 19 ਦੇ ਤਹਿਤ ਸਮਾਜਿਕ ਦੂਰੀ ਨੂੰ ਧਿਆਨ ਵਿੱਚ ਰੱਖ ਕੇ ਮੁੜ ਸ਼ੁਰੂ ਹੋਵੇਗਾ।

ਸ: ਢਿੱਲੋਂ ਨੇ ਕਿਹਾ 15 ਮਈ, 2020 ਤੋਂ ਝਗੜਾ ਰਹਿਤ ਇੰਤਕਾਲਾਂ ਦੇ ਕੰਮ ਸ਼ੁਰੂ ਹੋ ਹੋਵੇਗਾ। ਉਨਾਂ ਇਹ ਵੀ ਦੱਸਿਆ ਕਿ ਕਿਸੇ ਕਿਸਮ ਦਾ ਕੁਆਸ਼ੀ ਜੁਡੀਸ਼ੀਅਲ, ਅਪੀਲਾਂ ਜਾਂ ਰਵੀਜ਼ਨ ਸਬੰਧੀ ਇੰਤਕਾਲਾਂ ਦਾ ਕੰਮ ਫਿਲਹਾਲ ਬੰਦ ਰਹੇਗਾ।